ਰੂਪਨਗਰ ਅਜੀਤ
ਅਜੀਤ ਚੰਡੀਗੜ੍ਹ
ਸੋਮਵਾਰ, 20 ਅਕਤੂਬਰ 2025



# ਸ਼੍ਰੋਮਣੀ ਕਮੇਟੀ ਵਲੋਂ ਕੱਢੀਆਂ ਜਾ ਰਹੀਆਂ ਨੇ ਪ੍ਰਭਾਤ ਫੇਰੀਆਂ

ਢੇਰ, 19 ਅਕਤੂਬਰ (ਸ਼ਿਵ ਕੁਮਾਰ ਕਾਲੀਆ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ 3 ਅਕਤੂਬਰ ਤੋ ਕੱਢੀਆਂ ਜਾ ਰਹੀਆਂ ਪ੍ਰਭਾਤ ਫੇਰੀਆਂ ਪਿੰਡ ਢਾਹੇ, ਥਲੂਹ ਲੋਅਰ, ਨੰਗਲੀ, ਜਿੰਦਵੜੀ, ਬੇਹਿਲੂ, ਗੱਗ, ਕਲਿੱਤਰਾ, ਬ੍ਰਹਮਪੁਰ ਤੋ ਹੁੰਦੀਆਂ ਹੋਈਆਂ ਵਾਪਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸਮਾਪਤ ਹੋਈਆਂ। ਇਸ ਸਬੰਧੀ ਮੈਂਬਰ ਸ੍ਰੋਮਣੀ ਕਮੇਟੀ ਭਾਈ ਅਮਰਜੀਤ ਸਿੰਘ ਚਾਵਲਾ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਸਮਾਗਮ 23 ਤੋਂ 29 ਨਵੰਬਰ ਤੱਕ ਚੱਲਣਗੇ ਉਨ੍ਹਾਂ ਦੱਸਿਆ ਕਿ 23 ਨਵੰਬਰ ਨੂੰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 350 ਸਾਲਾ ਗੁਰਗੱਦੀ ਪੁਰਬ ਹੈ ਜੋ ਗੁਰਦੁਆਰਾ ਗੁਰੂ ਕੇ ਮਹਿਲ ਭੋਰਾ ਸਾਹਿਬ ਵਿਖੇ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ 25 ਨਵੰਬਰ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਅਤੇ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾਂ ਜੀ ਦਾ 350 ਸਾਲਾ ਸਹੀਦੀ ਦਿਹਾੜਾ ਗੁਰਦੁਆਰਾ ਸੀਸ ਗੰਜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਇਆ ਜਾਣਾ ਹੈ ਜਿਸ ਦਾ ਮਹੱਤਵ ਪੂਰਨ ਸਮਾਗਮ 29 ਨਵੰਬਰ ਦਿਨ ਸ਼ਨੀਵਾਰ ਨੂੰ ਹੋਵੇਗਾ। ਜਿਸ ਦਿਨ ਭਾਈ ਜੈਤਾ ਜੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਲੈ ਕੇ ਸ੍ਰੀ ਅਨੰਦਪੁਰ ਸਾਹਿਬ ਪੁੱਜਣ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਅਤੇ ਮਾਤਾ (**ਬਾਕੀ ਸਫ਼ਾ 9 'ਤੇ**)



**ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡ ਜਿੰਦਵੜੀ ਅਤੇ ਗੱਗ ਵਿਖੇ ਪਹੁੰਚੀਆਂ ਪ੍ਰਭਾਤ ਫੇਰੀਆਂ।**

# ਵਿਸ਼ਵਕਰਮਾ ਸਭਾ ਵਲੋਂ 22 ਨੂੰ ਮਨਾਇਆ ਜਾਵੇਗਾ ਵਿਸ਼ਵਕਰਮਾ ਉਤਸਵ

ਮੋਰਿੰਡਾ, 19 ਅਕਤੂਬਰ (ਪ੍ਰਿਤਪਾਲ ਸਿੰਘ)-ਵਿਸ਼ਵਕਰਮਾ ਸਭਾ ਮੋਰਿੰਡਾ ਵਲੋਂ ਭਗਵਾਨ ਸ੍ਰੀ ਵਿਸ਼ਵਕਰਮਾ ਜੀ ਦੇ ਔਜ਼ਾਰ ਪੂਜਾ ਦਿਵਸ ਅਤੇ 13ਵਾਂ ਮੂਰਤੀ ਸਥਾਪਨਾ ਦਿਵਸ 22 ਅਕਤੂਬਰ ਨੂੰ ਸ੍ਰੀ ਵਿਸ਼ਵਕਰਮਾ ਭਵਨ ਮੋਰਿੰਡਾ ਵਿਖੇ ਮਨਾਇਆ ਜਾ ਰਿਹਾ ਹੈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਅਤੇ ਹਲਕਾ ਵਿਧਾਇਕ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਣਗੇ। ਇਸ ਸਬੰਧੀ ਸਭਾ ਦੇ ਸਕੱਤਰ ਸਤਨਾਮ ਸਿੰਘ ਪਾਪੂਲਰ ਨੇ ਦੱਸਿਆ ਕਿ 22 ਅਕਤੂਬਰ ਨੂੰ ਸਵੇਰੇ ਹਵਨ ਯੱਗ ਹੋਵੇਗਾ, ਝੰਡੇ ਦੀ ਰਸਮ ਕੀਤੀ ਜਾਵੇਗੀ ਅਤੇ ਸ੍ਰੀ ਵਿਸ਼ਵਕਰਮਾ ਪੁਰਾਣ ਦੇ ਪਾਠ ਦੇ ਭੋਗ ਪਾਏ ਜਾਣਗੇ ਉਪਰੰਤ ਆਰਤੀ ਹੋਵੇਗੀ। ਇਸ ਮੌਕੇ ਸ੍ਰੀ ਪ੍ਰਕਾਸ਼ ਪ੍ਰੇਮੀ ਦੁਆਰਾ ਸ੍ਰੀ ਵਿਸ਼ਵਕਰਮਾ ਜੀ ਦੀ ਮਹਿਮਾ ਦੇ ਗੁਣ ਗਾਏ ਜਾਣਗੇ। ਗੁਰੂ ਦਾ ਲੰਗਰ ਅਤੁੱਟ ਵਰਤੇਗਾ।
















